# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 31-12-2024**

ਭਾਰਤੀ ਪੁਲਾੜ ਖੋਜ ਸੰਗਠਨ (ISRO) ਨੇ ਬੀਤੀ ਰਾਤ ਸਪੇਸ ਡੌਕਿੰਗ ਪ੍ਰਯੋਗ (SpaDeX) ਮਿਸ਼ਨ ਨੂੰ ਸਫਲਤਾ ਨਾਲ ਲਾਂਚ ਕੀਤਾ। ਇਸਰੋ ਦੇ PSLV-C60 ਰਾਕੇਟ ਨੂੰ ਸ੍ਰੀਹਰੀਕੋਟਾ ਦੇ ਸਤੀਸ਼ ਧਵਨ ਪੁਲਾੜ ਕੇਂਦਰ ਤੋਂ ਛੱਡਿਆ। ਇਸ ਨੇ ਲਾਂਚ ਹੋਣ ਤੋਂ ਥੋੜ੍ਹੀ ਦੇਰ ਬਾਅਦ ਹੀ ਦੋ ਉਪਗ੍ਰਹਿ ਚੇਜ਼ਰ, SDX01 ਅਤੇ ਟਾਰਗੇਟ SDX02 ਨੂੰ ਧਰਤੀ ਦੇ ਹੇਠਲੇ ਗ੍ਰਹਿ ਪੰਧ 'ਤੇ ਸਫਲਤਾ ਨਾਲ ਪਾਇਆ । ਦੋਵੇਂ ਉਪਗ੍ਰਹਿ ਹੁਣ ਅਗਲੇ 10 ਦਿਨਾਂ ਵਿੱਚ ਪੁਲਾੜ 'ਚ ਜੋੜੇ ਜਾਣ ਲਈ ਅੱਗੇ ਵਧਾਏ ਜਾਣਗੇ. SpaDeX ਮਿਸ਼ਨ ਦਾ ਉਦੇਸ਼ ਪੁਲਾੜ ਵਿਚ ਅਤਿ – ਆਧੁਨਿਕ ਇਨ-ਸਪੇਸ ਡੌਕਿੰਗ ਟੈਕਨਾਲੋਜੀ ਦਾ ਵਿਖਾਲਾ ਕਰਨਾ ਏ । ਇਹ,ਚੰਦਰਮਾ ਦੀਆਂ ਮੁਹਿੰਮਾਂ ਅਤੇ ਭਾਰਤੀ ਅੰਤਰਿਕਸ਼ ਸਟੇਸ਼ਨ ਸਮੇਤ ਭਵਿੱਖ ਦੇ ਮਿਸ਼ਨਾਂ ਲਈ ਬੇਹਦ ਅਹਿਮ ਏ ।

---------------------------------------------------------

ਸਰਕਾਰ ਨੇ ਕਿਹਾ ਏ ਕਿ ਹੁਣ ਤਕ 614 ਲੱਖ hectare ਰਕਬੇ ਵਿੱਚ ਹਾੜ੍ਹੀ ਦੀਆਂ ਫਸਲਾਂ ਦੀ ਬਿਜਾਈ ਹੋ ਚੁੱਕੀ ਏ । ਖੇਤੀਬਾੜੀ ਮੰਤਰਾਲੇ ਨੇ ਇੱਕ ਬਿਆਨ ਚ ਕਿਹਾ ਕਿ 319 ਲੱਖ hectare ਰਕਬੇ ਵਿੱਚ ਕਣਕ ਦੀ ਬਿਜਾਈ ਹੋਈ ਏ ਜਦਕਿ ਪਿਛਲੇ ਸਾਲ ਇਹ 313 ਲੱਖ hectare ਰਕਬੇ ਵਿੱਚ ਬੀਜੀ ਗਈ ਸੀ । ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰਾਲੇ ਨੇ ਹਾੜ੍ਹੀ ਦੀਆਂ ਫਸਲਾਂ ਦੀ ਬਿਜਾਈ ਦੇ ਰਕਬੇ ਦੀ ਪ੍ਰਗਤੀ ਬਾਰੇ ਵੇਰਵੇ ਜਾਰੀ ਕੀਤੇ ਨੇ। ਦਾਲਾਂ ਦੀ ਕਾਸ਼ਤ 136 ਲੱਖ hectare ਤੋਂ ਵੱਧ ਰਕਬੇ ਵਿੱਚ ਕੀਤੀ ਗਈ ਏ ਜਦਕਿ ਮੋਟੇ ਅਨਾਜ਼ਾ ਦੀ ਬੀਜੈ 48 ਲੱਖ 55 ਹਜ਼ਾਰ hactare ਚ ਕੀਤੀ ਗਈ ਏ । ਇਸ ਤੋਂ ਇਲਾਵਾ ਤੇਲ ਬੀਜਾਂ ਦੀ ਬਿਜਾਈ 96 ਲੱਖ hectare ਤੋਂ ਵੱਧ ਰਕਬੇ ਚ ਹੋਈ ਏ।

---------------------------------------------------------

ਮਾਲ ਤੇ ਮੁੜ ਵਸੇਬਾ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਏ ਕਿ ਰਜਿਸਟਰੀਆਂ ਲਈ ਆਨਲਾਈਨ ਡਾਕੂਮੈਂਟੇਸ਼ਨ ਨੂੰ ਸਫਲਤਾਪੂਰਵਕ ਲਾਗੂ ਕਰਨ ਵਾਲਾ ਪੰਜਾਬ ਦੇਸ਼ ਦਾ ਪਹਿਲਾ ਸੂਬਾ ਬਣ ਗਿਆ ਏ ।

ਸਾਲ 2024 ਵਿਚ ਮਾਲ ਵਿਭਾਗ ਵਲੋਂ ਵੱਡੇ ਸੁਧਾਰ ਕੀਤੇ ਗਏ, ਜਿਸ ਨਾਲ ਲੋਕਾਂ ਦੀ ਤਹਿਸੀਲ ਦਫਤਰਾਂ ਵਿਚ ਖੱਜਲ-ਖੁਆਰੀ ਖਤਮ ਹੋਈ। ਇਸ ਤੋਂ ਇਲਾਵਾ ਐਨ.ਓ.ਸੀ. ਤੋਂ ਬਿਨਾਂ ਰਜਿਸਟਰੀਆਂ ਦੀ ਪ੍ਰਵਾਨਗੀ ਦੇ ਫੈਸਲੇ ਦਾ ਵੀ ਦਸੰਬਰ ਮਹੀਨੇ ਤੋਂ ਲੋਕ ਫਾਇਦਾ ਉਠਾ ਰਹੇ ਨੇ। ਉਹਨਾਂ ਦੱਸਿਆ ਕਿ ਨੈਸ਼ਨਲ ਜੈਨਰਿਕ ਡਾਕੂਮੈਂਟ ਰਜਿਸਟ੍ਰੇਸ਼ਨ ਸਿਸਟਮ ਨੂੰ ਲਾਂਚ ਕਰਨ ਤੇ ਸੂਬੇ ਦੇ ਸਮੂਹ ਸਬ ਰਜਿਸਟਰਾਰ ਦਫਤਰਾਂ ਵਿਖੇ ਲਾਗੂ ਕਰਨ ਵਾਲਾ ਪੰਜਾਬ ਦੇਸ਼ ਦਾ ਸਭ ਤੋਂ ਪਹਿਲਾ ਸੂਬਾ ਏ। ਇਸ ਸਿਸਟਮ ਰਾਹੀਂ 39 ਲੱਖ ਤੋਂ ਵੱਧ ਵਸੀਕੇ ਰਜਿਸਟਰ ਕੀਤੇ ਜਾ ਚੁੱਕੇ ਨੇ। ਰਜਿਸਟਰੀ ਲਈ ਆਨਲਾਈਨ ਸਮਾਂ ਮਿਲ ਜਾਂਦਾ ਏ ਤੇ ਆਨਲਾਈਨ ਹੀ ਸਾਰੇ ਦਸਤਾਵੇਜ਼ ਜਮਾਂ ਹੋ ਜਾਂਦੇ ਨੇ।

---

ਪਹਾੜਾਂ 'ਚ ਬਰਫਬਾਰੀ ਤੋਂ ਬਾਅਦ ਪੰਜਾਬ ਤੇ ਚੰਡੀਗੜ੍ਹ ਦੇ ਮੈਦਾਨੀ ਇਲਾਕਿਆਂ 'ਚ ਠੰਢ ਲਗਾਤਾਰ ਜ਼ੋਰ ਫੜ ਰਹੀ ਏ। ਸੀਤ ਲਹਿਰ ਦੀ ਚੇਤਾਵਨੀ ਵਿਚਕਾਰ ਧੁੰਦ ਦਾ ਅਲਰਟ ਜਾਰੀ ਕੀਤਾ ਗਿਆ ਏ। ਸੋਮਵਾਰ ਰਾਤ ਤੋਂ ਹੀ ਪੰਜਾਬ ਦੇ ਕੁਝ ਜ਼ਿਲ੍ਹਿਆਂ ਵਿਚ ਧੁੰਦ ਦੇਖੀ ਗਈ।

ਇਸ ਦੇ ਨਾਲ ਹੀ ਸਵੇਰ ਤੱਕ ਕਈ ਥਾਵਾਂ ‘ਤੇ ਵਿਜ਼ੀਬਿਲਟੀ ਜ਼ੀਰੋ ਦੇ ਨੇੜੇ ਦਰਜ ਕੀਤੀ ਗਈ। ਇਸ ਦੇ ਨਾਲ ਹੀ ਪੰਜਾਬ ਦਾ ਦਿਨ ਦਾ ਤਾਪਮਾਨ ਆਮ ਨਾਲੋਂ 5 ਡਿਗਰੀ ਘੱਟ ਏ। ਮੌਸਮ ਵਿਗਿਆਨ ਕੇਂਦਰ ਵੱਲੋਂ ਅੱਜ ਪੰਜਾਬ ਵਿੱਚ ਧੁੰਦ ਅਤੇ ਸੀਤ ਲਹਿਰ ਨੂੰ ਲੈ ਕੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਮੌਸਮ ਵਿਭਾਗ ਮੁਤਾਬਕ ਅੱਜ ਪੰਜਾਬ ਅਤੇ ਚੰਡੀਗੜ੍ਹ ਦੇ ਤਾਪਮਾਨ ‘ਚ ਜ਼ਿਆਦਾ ਬਦਲਾਅ ਨਹੀਂ ਹੋਵੇਗਾ, ਪਰ ਪਹਿਲੀ ਜਨਵਰੀ ਤੋਂ ਕੁਝ ਰਾਹਤ ਮਿਲਣ ਦੀ ਸੰਭਾਵਨਾ ਏ।

---------------------------------------------------------

ਲੁਧਿਆਣਾ ਦੇ ਬੁੱਢੇ ਦਰਿਆ' ਵਿਚ ਡੰਪ ਕੀਤੇ ਜਾ ਰਹੇ ਗੋਬਰ ਦੀ ਸਮੱਸਿਆ ਨਾਲ ਨਜਿੱਠਣ ਲਈ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੇਡਾ ਅਧਿਕਾਰੀਆਂ ਨੂੰ ਇਸ ਦੇ ਢੁਕਵੇਂ ਨਿਪਟਾਰੇ ਲਈ ਹੈਬੋਵਾਲ ਤੇ ਤਾਜਪੁਰ ਰੋਡ ਡੇਅਰੀ ਕੰਪਲੈਕਸਾਂ ਵਿਚ ਬਾਇਓ ਗੈਸ ਪਲਾਂਟ ਸਥਾਪਤ ਕਰਨ ਦੇ ਪ੍ਰੋਜੈਕਟਾਂ ਵਿਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ

ਉਹ ਡੇਅਰੀ ਕੰਪਲੈਕਸਾਂ ਤੋਂ ਗੋਬਰ ਚੁੱਕਣ ਲਈ ਨਿੱਜੀ ਕੰਪਨੀਆਂ ਨੂੰ ਨਿਯੁਕਤ ਕਰਨ। ਡਾ. ਰਵਜੋਤ ਸਿੰਘ ਤੇ ਸੰਤ ਸੀਚੇਵਾਲ ਨੇ ਕਿਹਾ ਕਿ ਕਿਸੇ ਨੂੰ ਵੀ ਬੁੱਢੇ ਦਰਿਆ ਨੂੰ ਪ੍ਰਦੂਸ਼ਿਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਓਹਨਾ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਇਹ ਯਕੀਨੀ ਬਣਾਉਣ ਕਿ ਇਲੈਕਟ੍ਰੋਪਲੇਟਿੰਗ ਉਦਯੋਗ ਦਾ ਗੰਦਾ ਪਾਣੀ ਸੀਵਰੇਜ ਲਾਈਨਾਂ ਵਿਚ ਡੰਪ ਨਾ ਹੋਵੇ।

---------------------------------------------------------

ਹਾਕੀ ਇੰਡੀਆ ਲੀਗ 'ਚ ਬੀਤੀ ਰਾਤ UP Rudras ਨੇ ਮੌਜੂਦਾ ਚੈਂਪੀਅਨ ਕਲਿੰਗਾ ਲਾਂਸਰਜ਼ 'ਤੇ 3-1 ਨਾਲ ਜਿੱਤ ਦਰਜ ਕੀਤੀ। UP Rudras ਦੇ ਕੀਪਰ, James Mazarelo ਨੂੰ ਉਸ ਦੀ ਸ਼ਾਨਦਾਰ ਕਾਰਗੁਜ਼ਾਰੀ ਲਈ ਪਲੇਅਰ ਆਫ਼ ਦਾ ਮੈਚ ਦਾ award ਮਿਲਿਆ। ਇਸ ਜਿੱਤ ਨੇ Rudras ਨੂੰ HIL 2024-25 ਅੰਕ ਸੂਚੀ ਵਿੱਚ ਸਿਖਰ 'ਤੇ ਪਹੁੰਚਾ ਦਿੱਤਾ ਜਦੋਂ ਕਿ ਲਾਂਸਰਜ਼ ਹੇਠਲੇ ਸਥਾਨ 'ਤੇ ਨੇ. ਅੱਜ

Rourkela ਵਿਖੇ Delhi SG Pipers ਦਾ ਮੁਕਾਬਲਾ Hyderabad Toofans ਨਾਲ ਹੋਵੇਗੀ। ਮੈਚ ਰਾਤ ਸਵਾ 8 ਵਜੇ ਸ਼ੁਰੂ ਹੋਵੇਗਾ।

---------------------------------------------------

ਮੁਹਾਲੀ ਦੀ ਕਾਰਜਕਾਰੀ ਸਿਵਲ ਸਰਜਨ ਡਾ. ਰੇਨੂੰ ਸਿੰਘ ਨੇ ਲੋਕਾਂ ਨੂੰ ਬਿਹਤਰ ਤੇ ਮਿਆਰੀ ਸਿਹਤ ਸਹੂਲਤਾਂ ਦੇਣ ਦੀ ਵਚਨਬੱਧਤਾ ਪ੍ਰਗਟ ਕੀਤੀ ਏ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸਿਹਤ ਵਿਭਾਗ ਦਾ ਦ੍ਰਿੜ ਇਰਾਦਾ ਤੇ ਨਿਸ਼ਚਾ ਏ  ਕਿ ਨਵੇਂ ਸਾਲ ਦੌਰਾਨ ਵੀ ਸਰਕਾਰੀ ਸਿਹਤ ਸੰਸਥਾਵਾਂ ਵਿਚ ਲੋਕਾਂ ਨੂੰ ਸੁਚੱਜੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਦਾ ਅਮਲ ਜਾਰੀ ਰਖਿਆ ਜਾਵੇਗਾ ਤੇ ਜਿਥੇ ਕਿਤੇ ਵੀ ਕੋਈ ਘਾਟ ਨਜ਼ਰ ਆਉਂਦੀ ਏ , ਉਸ ਨੂੰ ਤੁਰੰਤ ਪੂਰਾ ਕੀਤਾ ਜਾਵੇਗਾ। ਉਨ੍ਹਾਂ ਦੁਹਰਾਇਆ ਕਿ ਕੇਂਦਰ ਅਤੇ ਪੰਜਾਬ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਸਿਹਤ ਯੋਜਨਾਵਾਂ ਦਾ ਲਾਭ ਜ਼ਿਲ੍ਹੇ ਦੀ ਹਰ ਸਰਕਾਰੀ ਸਿਹਤ ਸੰਸਥਾ ਵਿਚ ਲੋਕਾਂ ਨੂੰ ਲਗਾਤਾਰ ਦਿਤਾ ਜਾ ਰਿਹਾ ਏ।